Punjab Government Gazette

EXTRAORDINARY

Published by Authority

CHANDIGARH, SATURDAY, DECEMBER 6, 2025 (AGRAHAYANA 15, 1947 SAKA)

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ ਪੰਜਾਬ, ਚੰਡੀਗੜ੍ਹ

(ਮਿਉਂਸਪਲ ਚੋਣਾਂ ਸ਼ਾਖਾ)

ਅਧਿਸੂਚਨਾ

ਮਿਤੀ 4 ਦਸੰਬਰ, 2025

ਨੰਬਰ: 04/96/ਹਲਕਾਬੰਦੀ(ਸ-1)/ਮਚਸ਼/2025/183.- ਪੰਜਾਬ ਮਿਉਂਸਪਲ ਐਕਟ, 1911 (ਪੰਜਾਬ ਐਕਟ III ਆਫ 1911) ਦੀ ਧਾਰਾ 240 ਦੇ ਉਪਬੰਧਾਂ ਅਨੁਸਾਰ ਅਤੇ ਡਿਲੀਮੀਟੇਸ਼ਨ ਆਫ ਵਾਰਡਜ਼ ਆਫ ਮਿਉਂਸਪੈਲਟੀਜ ਰੂਲਜ, 1972 ਦੇ ਨਿਯਮ 8 ਅਧੀਨ ਇਸ ਤੋਂ ਪਹਿਲਾਂ ਇਸ ਸਬੰਧ ਵਿੱਚ ਜਾਰੀ ਕੀਤੇ ਹੁਕਮਾਂ ਦਾ ਅਧਿਲੰਘਣ ਕਰਦੇ ਹੋਏ ਹੇਠਾਂ ਲਿਖਿਆ ਨਿਯਮਾਂ ਦਾ ਖਰੜ੍ਹਾ ਜਿਨ੍ਹਾਂ ਨੂੰ ਬਨਾਉਣ ਲਈ ਪੰਜਾਬ ਦੇ ਰਾਜਪਾਲ ਤਜਵੀਜ ਕਰਦੇ ਹਨ ਅਤੇ ਇਸ ਸਬੰਧ ਵਿੱਚ ਆਪਣੀਆਂ ਸਮੂਹ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਗਰ ਪੰਚਾਇਤ ਕੋਟ ਸ਼ਮੀਰ, ਜਿਲ੍ਹਾ ਬਠਿੰਡਾ ਦੇ ਵਾਰਡਾਂ ਦੀ ਹਲਕਾਬੰਦੀ ਉਨ੍ਹਾਂ ਵਿਅਕਤੀਆਂ ਦੀ ਸੂਚਨਾ ਲਈ ਪ੍ਰਕਾਸ਼ਤ ਕਰਦੇ ਹਨ, ਜਿਨ੍ਹਾਂ ਤੇ ਇਸ ਦਾ ਅਸਰ ਪੈਣ ਦੀ ਸੰਭਾਵਨਾ ਹੋਵੇ। ਉਹ ਇਸ ਅਧਿਸੂਚਨਾ ਦੇ ਪ੍ਰਕਾਸ਼ਤ ਹੋਣ ਤੋਂ 7 ਦਿਨਾਂ ਦੇ ਪਿੱਛੋਂ ਨਿਮਨ ਅਨੁਸਾਰ ਖਰੜੇ ਤੇ ਪ੍ਰਾਪਤ ਉਨ੍ਹਾਂ ਇਤਰਾਜਾਂ/ ਸੁਝਾਵਾਂ ਤੇ ਵਿਚਾਰ ਕੀਤਾ ਜਾਵੇਗਾ ਜਿਹੜੇ ਨਿਯਮਾਂ ਦੇ ਖਰੜੇ ਸਬੰਧੀ ਕਿਸੇ ਵੀ ਅਸਰ ਸੰਭਾਵੀ ਵਿਅਕਤੀ ਵਲੋਂ ਉਕਤ ਅਨੁਸਾਰ ਮਿੱਥੇ ਸਮੇ ਅੰਦਰ ਸਬੰਧਤ ਨਗਰ ਪੰਚਾਇਤ ਦੇ ਕਾਰਜ ਸਾਧਕ ਅਫਸਰ ਰਾਂਹੀਂ ਵਧੀਕ ਮੁੱਖ ਸਕੱਤਰ ਪੰਜਾਬ ਸਰਕਾਰ, ਸਥਾਨਕ ਸਰਕਾਰ ਵਿਭਾਗ ਨੂੰ ਪ੍ਰਾਪਤ ਹੋਣਗੇ।

ਨਿਯਮਾਂ ਦਾ ਖਰੜਾ

ਨਗਰ ਪੰਚਾਇਤ, ਕੋਟ ਸ਼ਮੀਰ, ਜਿਲ੍ਹਾ ਬਠਿੰਡਾ ਦੇ ਨਗਰ ਪਾਲਾ ਦੀ ਚੋਣ ਦੇ ਮਕਸਦ ਲਈ ਨਗਰ ਪੰਚਾਇਤ, ਕੋਟ ਸ਼ਮੀਰ ਨੂੰ 13 ਵਾਰਡਾਂ ਵਿਚ ਵੰਡਿਆ ਜਾਵੇਗਾ ਜਿਨ੍ਹਾਂ ਪਿੱਛੇ 9 ਵਾਰਡ, ਜਿਨ੍ਹਾਂ ਦੇ ਪਿੱਛੇ ਬਰੈਕਟਾਂ ਅਤੇ ਸਬਦਾਂ ਵਿਚ:-

1. ਅਨੁਸੂਚਿਤ ਜਾਤੀਆ ਦੇ ਮੈਂਬਰਾ ਲਈ ਰਾਖਵਾਂ:
2. ਇਸਤਰੀ ਮੈਂਬਰਾਂ ਲਈ ਰਾਖਵਾਂ:
3. ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ ਅਤੇ
4. ਪੱਛੜੀ ਸ੍ਰੇਣੀਆਂ ਦੇ ਮੈਂਬਰਾ ਲਈ ਰਾਖਵਾ,

ਲਿਖਿਆ ਹੋਵੇਗਾ ਕਿ ਉਹ ਵਾਰਡ ਉਨ੍ਹਾਂ ਕੈਟਾਗਰੀਆਂ ਨਾਲ ਸਬੰਧਤ ਮੈਂਬਰਾਂ ਲਈ ਰਾਖਵੇ ਹੋਣਗੇ। ਵਾਰਡਾਂ ਦੀਆਂ ਹੱਦਾਂ ਦਾ ਵਰਨਣ ਨਾਲ ਲਗਾਈ ਅਨੁਸੂਚੀ ਵਿਚ ਕੀਤਾ ਜਾਂਦਾ ਹੈ।

ਨਗਰ ਪੰਚਾਇਤ ਕੋਟ ਸ਼ਮੀਰ, ਜਿਲ੍ਹਾ ਬਠਿੰਡਾ ਦੇ ਵਾਰਡਾਂ ਦੀਆਂ ਹੱਦਾਂ ਦਾ ਵਰਣਨ ਦੱਸਦੀ ਅਨੁਸੂਚੀ

ਵਾਰਡ ਨੰ: 1 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀਆਂ ਮੈਂਬਰਾਂ ਲਈ ਰਾਖਵਾਂ)

ਨਗਰ ਪੰਚਾਇਤ ਦੀ ਉੱਤਰੀ ਅਤੇ ਪੂਰਬੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਪੂਰਬੀ ਹੱਦ ਨਾਲ ਚੱਲਦੇ ਹੋਏ ਤੂੰਗਵਾਲੀ ਸੜਕ ਤੀਕ, ਫਿਰ ਉਕਤ ਸੜਕ ਨਾਲ ਚੱਲਦੇ ਹੋਏ ਮਾਨਸਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਮਿੱਠੂ ਸਿੰਘ ਨੰਬਰਦਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਹਰਭਜਨ ਸਿੰਘ ਮੈਂਬਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੇਜਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਲਿੰਕ ਗਲੀ ਨਾਲ ਚੱਲਦੇ ਹੋਏ ਲੀਲੂ ਸੇਠ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਨਸਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਲਿੰਕ ਗਲੀ ਨਾਲ ਚੱਲਦੇ ਹੋਏ ਸਿੰਦਰ ਮੈਂਬਰ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚਹਿਲ ਫੈਕਟਰੀ ਬਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਪੰਚਾਇਤ ਦੀ ਉੱਤਰੀ ਅਤੇ ਪੂਰਬੀ ਹੱਦ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 2 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਮਾਨਸਾ ਰੋਡ ਅਤੇ ਗੁਰੂਦੁਆਰਾ ਬਾਬਾ ਰਵਿਦਾਸ ਸਿੰਘ ਵਾਲੀ ਗਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗੁਰੂਦੁਆਰਾ ਬਾਬਾ ਰਵਿਦਾਸ ਵਾਲੀ ਗਲੀ ਨਾਲ ਚੱਲਦੇ ਹੋਏ ਤਲਵੰਡੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ, ਗਲੀ ਆਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਨਸਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਲੀਲੂ ਸੇਠ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੇਜਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹਰਭਜਨ ਸਿੰਘ ਮੈਂਬਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਿੱਠੂ ਸਿੰਘ ਨੰਬਰਦਾਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਨਸਾ ਰੋਡ ਅਤੇ ਗੁਰੂਦੁਆਰਾ ਬਾਬਾ ਰਵਿਦਾਸ ਸਿੰਘ ਵਾਲੀ ਗਲੀ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 3 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀਆਂ ਮੈਂਬਰਾਂ ਲਈ ਰਾਖਵਾਂ)

ਨਗਰ ਪੰਚਾਇਤ ਦੀ ਉੱਤਰੀ ਹੱਦ ਅਤੇ ਤਲਵੰਡੀ ਰੋਡ ਬਾਬਾ ਬੀਰ ਸਿੰਘ ਧੀਰ ਸਿੰਘ ਮਾਰਗ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਤਲਵੰਡੀ ਰੋਡ ਨਾਲ ਚੱਲਦੇ ਹੋਏ ਗਲੀ ਮਹਿਰਾਜ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨਾਹਨੀ ਕੇ ਵਾਈ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਆਤਮੇ ਮਾਸਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਲਿੰਕ ਗਲੀ ਨਾਲ ਚੱਲਦੇ ਹੋਏ ਗਲੀ ਨਾਹਨੀ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤੋਤੇ ਸਿੱਖ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਆਤਮੇ ਮਾਸਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬੰਤਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਝੱਬਰਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਉੱਤਰੀ ਹੱਦ ਅਤੇ ਤਲਵੰਡੀ ਰੋਡ ਬਾਬਾ ਬੀਰ ਸਿੰਘ ਧੀਰ ਸਿੰਘ ਮਾਰਗ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 4

ਨਗਰ ਪੰਚਾਇਤ ਦੀ ਉੱਤਰੀ ਅਤੇ ਪੂਰਬੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਪੂਰਬੀ ਹੱਦ ਨਾਲ ਚੱਲਦੇ ਹੋਏ ਗਲੀ ਨੇਕੇ ਮੈਂਬਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਦਰਬਾਰਾ ਬਖਸ਼ੀ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਚੀਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲੀਲਾ ਸਿੰਘ ਚੱਕਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੜਕ ਕਣਕ ਵਾਲੀਆਂ ਦੀ ਕੋਠੀ ਤੀਕ, ਫਿਰ ਉਕਤ ਸੜਕ ਨਾਲ ਚੱਲਦੇ ਹੋਏ ਤਲਵੰਡੀ ਰੋਡ ਬਾਬਾ ਬੀਰ ਸਿੰਘ ਧੀਰ ਸਿੰਘ ਮਾਰਗ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਬਾਬਾ ਰਵਿਦਾਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਨਸਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਤੂੰਗਵਾਲੀ ਸੜਕ ਤੀਕ, ਫਿਰ ਉਕਤ ਸੜਕ ਨਾਲ

ਚੱਲਦੇ ਹੋਏ ਨਗਰ ਪੰਚਾਇਤ ਦੀ ਉੱਤਰੀ ਅਤੇ ਪੂਰਬੀ ਹੱਦ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 5 (ਇਸਤਰੀ ਮੈਂਬਰਾਂ ਲਈ ਰਾਖਵਾਂ)

ਕਣਕ ਵਾਲਿਆ ਦੀ ਕੋਠੀ ਸੜਕ ਅਤੇ ਗਲੀ ਲੀਲਾ ਸਿੰਘ ਚੱਕਾ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਲੀਲਾ ਸਿੰਘ ਚੱਕਾ ਵਾਲੀ ਨਾਲ ਚੱਲਦੇ ਹੋਏ ਗਲੀ ਚੀਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਤਲਵੰਡੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸੋਹਣੇ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਜੰਗ ਕਿਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਭੋਲੇ ਸਰਪੰਚ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲੀਲੂ ਬਾਜੀਗਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਹਿਰਾਜ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਕਣਕ ਵਾਲਿਆ ਦੀ ਕੋਠੀ ਸੜਕ ਅਤੇ ਗਲੀ ਲੀਲਾ ਸਿੰਘ ਚੱਕਾ ਵਾਲੀ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ:6

ਗਲੀ ਨੇਕੇ ਮੈਂਬਰ ਵਾਲੀ ਅਤੇ ਨਗਰ ਪੰਚਾਇਤ ਦੀ ਪੂਰਬੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਪੰਚਾਇਤ ਦੀ ਪੂਰਬੀ ਹੱਦ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਤਲਵੰਡੀ ਰੋਡ ਬਾਬਾ ਬੀਰ ਸਿੰਘ ਧੀਰ ਸਿੰਘ ਮਾਰਗ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਨੇਕੇ ਮੈਂਬਰ ਵਾਲੀ ਅਤੇ ਨਗਰ ਪੰਚਾਇਤ ਦੀ ਪੂਰਬੀ ਹੱਦ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 7 (ਇਸਤਰੀ ਮੈਂਬਰਾਂ ਲਈ ਰਾਖਵਾਂ)

ਗਲੀ ਭੋਲੇ ਸਰਪੰਚ ਵਾਲੀ ਅਤੇ ਗਲੀ ਸਰਕਾਰੀ ਸਕੂਲ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਸਰਕਾਰੀ ਸਕੂਲ ਨਾਲ ਚਲਦੇ ਹੋਏ ਗਲੀ ਸੋਹਣੇ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤਲਵੰਡੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਕੈਲੇ ਵਾਂਦਰ ਸੰਗਤ ਕੈਂਚੀਆਂ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਫਿਰਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਰਾਜ ਭੋਲੇ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਵਰਨ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕਰਨੈਲ ਭੋਲੇ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਵੱਡੇ ਡੇਰੇ ਨਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡੇਰਾ ਬਾਬਾ ਧਿਆਨ ਦਾਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰਤੀ ਕਿਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲਿੰਕ ਗਲੀ ਤੀਕ, ਫਿਰ ਉਕਤ ਲਿੰਕ ਗਲੀ ਨਾਲ ਚੱਲਦੇ ਹੋਏ ਗਲੀ ਭੋਲੇ ਸਰਪੰਚ ਵਾਲੀ ਅਤੇ ਗਲੀ ਸਰਕਾਰੀ ਸਕੂਲ ਵਾਲੀ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 8 (ਪੱਛੜੀਆਂ ਸ੍ਰੇਣੀਆਂ ਦੇ ਮੈਂਬਰਾਂ ਲਈ ਰਾਖਵਾਂ)

ਗਲੀ ਕੈਰੇ ਵਾਲਿਆ ਦੀ ਅਤੇ ਗਲੀ ਝੱਬਰਾਂ ਕੇ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਝੱਬਰਾ ਕੇ ਵਾਲੀ ਨਾਲ ਚੱਲਦੇ ਹੋਏ ਗਲੀ ਬੰਤਾ ਗੜੀ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਆਤਮੇ ਮਾਸਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤੋਤੇ ਸਿੱਖ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਨਾਹਨੀ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲੀਲੂ ਬਾਜੀਗਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲੀਲੂ ਬਾਜੀਗਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰੇਹੜੀ ਮਹਿਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਵੱਡੇ ਖੂਹ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤਲਵੰਡੀ ਦਰਵਾਜੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੈਰੇ ਵਾਲਿਆ ਦੀ ਅਤੇ ਗਲੀ ਝੱਬਰਾਂ ਕੇ ਵਾਲੀ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 9 (ਇਸਤਰੀ ਮੈਂਬਰਾਂ ਲਈ ਰਾਖਵਾਂ)

ਗਲੀ ਵੱਡੇ ਖੂਹ ਵਾਲੀ ਅਤੇ ਗਲੀ ਰੇਹੜੀ ਮਹਿਰੇ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਰੇਹੜੀ ਮਹਿਰੇ ਵਾਲੀ ਨਾਲ ਚਲਦੇ ਹੋਏ ਗਲੀ ਨਿੰਮ ਥਾਈ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰੂਹੜੇ ਕਾ ਚੌਂਤਰਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚੌਂਤਰੇ ਨਾਲ ਚੱਲਦੇ ਹੋਏ ਗਲੀ ਭੋਲੇ ਸੇਠ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ------ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰੇਹੜੀ ਮਹਿਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰਤੀ ਕਿਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਡੇਰਾ ਬਾਬਾ ਧਿਆਨ ਦਾਸ ਤੀਕ, ਫਿਰ ਉਕਤ ਡੇਰੇ ਨਾਲ

ਚੱਲਦੇ ਹੋਏ ਵੱਡੇ ਡੇਰੇ ਨਾਲ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਵਰਨ ਕਿਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰਾਜ ਭੋਲੇ ਕਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫਿਰਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪੰਜਾਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਸੰਤ ਮਾਸਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬੂਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਵੱਡੇ ਖੂਹ ਵਾਲੀ ਅਤੇ ਗਲੀ ਰੇਹੜੀ ਮਹਿਰੇ ਵਾਲੀ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 10

ਗਲੀ ਗੁਰੂਦੁਆਰਾ ਸਾਹਿਬ ਵਾਲੀ ਅਤੇ ਗਲੀ ਵੱਡੇ ਖੂਹ ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਵੱਡੇ ਖੂਹ ਨਾਲ ਚੱਲਦੇ ਹੋਏ ਗਲੀ ਬੂਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰੂੜੈ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਸੰਤ ਮਾਸਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੰਜਾਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫਿਰਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਛੱਪੜੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਥਾਣੇ ਠਾਕਰ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲਾਲੀ ਗੁਰਦਿੱਤ ਕੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਭੋਲੇ ਮਟਕਣੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਠਾਕਰਾਂ ਦੇ ਡੇਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਸਾਹਿਬ ਵਾਲੀ ਅਤੇ ਗਲੀ ਵੱਡੇ ਖੂਹ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 11 (ਇਸਤਰੀ ਮੈਂਬਰਾਂ ਲਈ ਰਾਖਵਾਂ)

ਫਿਰਨੀ ਰੋਡ ਅਤੇ ਗੁਰਾਦਿੱਤਾ ਡਾਇਰੈਕਟਰ ਵਾਲੀ ਗਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਗੁਰਾਦਿੱਤਾ ਵਾਲੀ ਨਾਲ ਚੱਲਦੇ ਹੋਏ ਗਲੀ ਠਾਕਰਾ ਦੇ ਡੇਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਭੋਲੇ ਮਟਕਣੇ ਵਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲਾਲੀ ਗੁਰਦਿਤ ਕਿਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਠਾਣੇ ਠਾਕਰ ਕਿਆ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਛੱਪੜੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਛੱਪੜੀ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੈਲੇ ਵਾਂਦਰ, ਸੰਗਤ ਕੈਂਚੀਆਂ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਗਹਿਰੀ ਵਾਲਾ ਰਸਤਾ ਤੀਕ, ਫਿਰ ਉਕਤ ਰਸਤੇ ਨਾਲ ਚੱਲਦੇ ਹੋਏ ਫਿਰਨੀ ਰੋਡ ਅਤੇ ਗੁਰਾਦਿੱਤਾ ਡਾਇਰੈਕਟਰ ਵਾਲੀ ਗਲੀ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ: 12

ਬਠਿੰਡਾ ਰੋਡ ਅਤੇ ਤਲਵੰਡੀ ਰੋਡ ਬਾਬਾ ਬੀਰ ਸਿੰਘ ਅਤੇ ਬਾਬਾ ਧੀਰ ਸਿੰਘ ਮਾਰਗ ਦੇ ਮਿਲਣ ਦੇ ਸਥਾਨ ਤੋ ਆਰੰਭ ਕਰਕੇ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਮਾਰਗ ਨਾਲ ਚੱਲਦੇ ਹੋਏ ਗਲੀ ਤਲਵੰਡੀ ਦਰਵਾਜੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਵੱਡੇ ਖੂਹ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲਾਲੀ ਚੱਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰੂਦੁਆਰਾ ਸਾਹਿਬ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰਾਦਿੱਤਾ ਡਾਇਰੈਕਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਫਿਰਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਹਿਰੀ ਵਾਲਾ ਰਸਤਾ ਤੀਕ, ਫਿਰ ਉਕਤ ਰਸਤੇ ਨਾਲ ਚੱਲਦੇ ਹੋਏ ਗਲੀ ਨਗਰ ਪੰਚਾਇਤ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਉੱਤਰੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਬਠਿੰਡਾ ਰੋਡ ਅਤੇ ਤਲਵੰਡੀ ਰੋਡ ਬਾਬਾ ਬੀਰ ਸਿੰਘ ਅਤੇ ਬਾਬਾ ਧੀਰ ਸਿੰਘ ਮਾਰਗ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰ:13 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਨਗਰ ਪੰਚਾਇਤ ਦੀ ਉੱਤਰੀ ਅਤੇ ਚਹਿਲ ਫੈਕਟਰੀ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਚਹਿਲ ਫੈਕਟਰੀ ਰੋਡ ਨਾਲ ਚੱਲਦੇ ਹੋਏ ਗਲੀ ਸਿੰਦਰ ਮੈਂਬਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਮਾਨਸਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਆਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਤਲਵੰਡੀ ਰੋਡ ਬਾਬਾ ਬੀਰ ਸਿੰਘ, ਧੀਰ ਸਿੰਘ ਮਾਰਗ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਝੱਬਰਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਤਲਵੰਡੀ

ਦਰਵਾਜੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤਲਵੰਡੀ ਰੋਡ ਬਾਬਾ ਬੀਰ ਸਿੰਘ ਧੀਰ ਸਿੰਘ ਮਾਰਗ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਬਠਿੰਡਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਪੰਚਾਇਤ ਦੀ ਉੱਤਰੀ ਅਤੇ ਚਹਿਲ ਫੈਕਟਰੀ ਰੋਡ ਤੀਕ ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਸਹੀ/-
ਤੇਜਵੀਰ ਸਿੰਘ, ਆਈ.ਏ.ਐਸ,
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ

ਮਿਤੀ 3 ਦਸੰਬਰ, 2025

3576/12-2025/Pb. Govt. Press, S.A.S. Nagar